# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :01-07-2026**

ਅੱਜ ਦੇਸ਼ ਭਰ ਵਿੱਚ ਰਾਸ਼ਟਰੀ ਡਾਕਟਰ ਦਿਵਸ ਮਨਾਇਆ ਜਾ ਰਿਹਾ ਏ. ਇਹ ਦਿਨ ਡਾਕਟਰਾਂ ਵਲੋਂ ਉਨ੍ਹਾਂ ਦੇ ਸਮਰਪਣ, ਹਮਦਰਦੀ ਅਤੇ ਜਨਤਕ ਸਿਹਤ ਦੀ ਰੱਖਿਆ ਅਤੇ ਸੁਧਾਰ ਲਈ ਉਨ੍ਹਾਂ ਦੇ ਅਨਮੋਲ ਯੋਗਦਾਨ ਦੇ ਸਨਮਾਨ ਵਿਚ ਮਨਾਇਆ ਜਾਂਦਾ ਏ.   ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਰਾਸ਼ਟਰੀ ਡਾਕਟਰ ਦਿਵਸ ਦੇ ਮੌਕੇ 'ਤੇ ਦੇਸ਼ ਦੇ ਡਾਕਟਰਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਦੀ ਸਖ਼ਤ ਮਿਹਨਤ, ਹਮਦਰਦੀ ਅਤੇ ਵਚਨਬੱਧਤਾ ਭਾਰਤ ਦੀ ਸਿਹਤ ਸੰਭਾਲ ਪ੍ਰਣਾਲੀ ਦੀ ਰੀੜ੍ਹ ਨੇ. ਉਨ੍ਹਾਂ ਕਿਹਾ ਕਿ ਡਾਕਟਰਾਂ ਦੇ ਅਣਥੱਕ ਯਤਨਾਂ ਨੇ, ਅਕਸਰ ਸਭ ਤੋਂ ਚੁਣੌਤੀਪੂਰਨ ਹਾਲਾਤਾਂ ਵਿੱਚ, ਅਣਗਿਣਤ ਲੋਕਾਂ ਦਾ ਭਰੋਸਾ ਅਤੇ ਸ਼ੁਕਰਗੁਜ਼ਾਰੀ ਹਾਸਿਲ ਕੀਤੀ ਏ । ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਰਾਸ਼ਟਰੀ ਡਾਕਟਰ ਦਿਵਸ 'ਤੇ ਸਾਰੇ ਡਾਕਟਰਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਅਮਿਤ

ਸ਼ਾਹ ਨੇ ਕਿਹਾ, ਚੰਗੀ ਸਿਹਤ ਨੂੰ ਉਤਸ਼ਾਹਿਤ ਕਰਨ, ਇਲਾਜ ਕਰਨ ਅਤੇ ਬਿਹਤਰ ਜੀਵਨ ਢੰਗ ਬਾਰੇ ਵਧੇਰੇ ਜਾਗਰੂਕਤਾ ਪੈਦਾ ਕਰਨ ਲਈ ਉਨ੍ਹਾਂ ਦਾ ਸਮਰਪਣ ਅਤੇ ਵਚਨਬੱਧਤਾ ਇੱਕ ਮਜ਼ਬੂਤ ਅਤੇ ਸਿਹਤਮੰਦ ਸਮਾਜ ਲਈ ਰਾਹ ਪੱਧਰਾ ਕਰਦੀ ਏ ।

---------------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਅਨਿੰਦਿਤਾ ਮਿੱਤਰਾ ਨੇ ਕੱਲ ਜਲੰਧਰ ਵਿਖੇ ਈ.ਵੀ.ਐਮ.ਤੇ ਵੀ.ਵੀ.ਪੈਟ ਮਸ਼ੀਨਾਂ ਦੇ ਵੇਅਰਹਾਊਸ ਦਾ ਤਿਮਾਹੀ ਨਿਰੀਖਣ ਕੀਤਾ । ਮੁੱਖ ਚੋਣ ਅਧਿਕਾਰੀ ਨੇ ਚੋਣ ਅਧਿਕਾਰੀਆਂ ਅਤੇ ਵੱਖ-ਵੱਖ ਰਾਜਨੀਤਕ ਪਾਰਟੀਆਂ ਦੇ ਨੁਮਾਇੰਦਿਆਂ ਦੀ ਮੌਜੂਦਗੀ ਵਿੱਚ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਸਥਿਤ ਜ਼ਿਲ੍ਹਾ ਪੱਧਰੀ ਵੇਅਰਹਾਊਸ ਵਿੱਚ ਸੁਰੱਖਿਆ, ਰੱਖ-ਰਖਾਅ ਦੀ ਸਥਿਤੀ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਸਟੋਰ ਕੀਤੀਆਂ ਵੋਟਿੰਗ ਮਸ਼ੀਨਾਂ ਦੀ ਸੁਰੱਖਿਆ ਲਈ ਲਗਾਏ ਸੀ.ਸੀ.ਟੀ.ਵੀ. ਕੈਮਰਿਆਂ, ਅੱਗ ਬੁਝਾਊ ਯੰਤਰਾਂ ਅਤੇ ਹੋਰ ਸੁਰੱਖਿਆ ਪ੍ਰਬੰਧਾਂ ਦੀ ਵੀ ਜਾਂਚ ਕੀਤੀ। ਉਨ੍ਹਾਂ ਨੇ ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ ਅਤੇ ਜ਼ਿਲ੍ਹੇ ਦੇ ਸਮੂਹ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਨਾਲ ਮੀਟਿੰਗ ਕਰਦਿਆਂ ਜ਼ਿਲ੍ਹੇ ਵਿੱਚ ਚੱਲ ਰਹੀ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ -SIR ਦਾ ਵੀ ਜਾਇਜ਼ਾ ਲਿਆ। ਸ਼੍ਰੀਮਤੀ ਮਿੱਤਰਾ ਨੇ ਐਸ.ਆਈ.ਆਰ. ਤਹਿਤ ਬੂਥ ਲੈਵਲ ਅਫ਼ਸਰਾਂ

ਵੱਲੋਂ ਘਰ-ਘਰ ਸਰਵੇਖਣ ਦੀ ਪ੍ਰਕਿਰਿਆ ਦਾ ਵੀ ਜਾਇਜ਼ਾ ਲਿਆ, ਜੋ ਕਿ 24 ਜੁਲਾਈ ਤੱਕ ਜਾਰੀ ਰਹੇਗੀ। ਇਸੇ ਤਹਿਤ ਅੱਜ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਵੀ ਸੰਗਰੂਰ ਵਿੱਚ SIR ਬਾਰੇ ਆਪਣੇ ਅਤੇ ਆਪਣੀ ਪਤਨੀ ਦੇ ਗਣਨਾ ਫਾਰਮ ਭਰੇ ਗਏ। ਉਹਨਾਂ ਨੇ ਸੂਬੇ ਦੇ ਸਾਰੇ ਵੋਟਰਾਂ ਨੂੰ ਆਪਣੇ ਫਾਰਮ ਜ਼ਰੂਰ ਭਰਨ ਦੀ ਅਪੀਲ ਕੀਤੀ ਤਾਂ ਕਿ ਅਸਲੀ ਵੋਟ ਜ਼ਰੂਰ ਬਣੇ ਅਤੇ ਫਰਜ਼ੀ ਵੋਟਾਂ ਨਾ ਬਣ ਸਕਣ।

------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸੰਗਰੂਰ ਜ਼ਿਲੇ ਦੇ ਧੂਰੀ ਵਿਖੇ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਦੀ ਸ਼ੁਰੂਆਤ ਕੀਤੀ ਏ। ਇਸ ਮੌਕੇ ਇਕ ਇਕੱਠ ਨੂੰ ਸੰਬੋਧਨ ਕਰਦਿਆਂ ਮੁਖ ਮੰਤਰੀ ਨੇ ਕਿਹਾ।

BYTE

------------------------------------------------------

ਪੰਜਾਬ 'ਚ ਧਰਤੀ ਹੇਠਲੇ ਪਾਣੀ ਦੇ ਤੇਜ਼ੀ ਨਾਲ ਘਟ ਰਹੇ ਪੱਧਰ ਨੂੰ ਬਚਾਉਣ ਅਤੇ ਸਿੰਚਾਈ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 34 ਕਰੋੜ 51 ਲਖ ਰੁਪਏ ਦੀ ਲਾਗਤ ਨਾਲ ਕਲਿਆਣ ਰਜਵਾਹੇ ਦੀ ਕੰਕਰੀਟ ਲਾਈਨਿੰਗ ਦੇ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ। ਬਰਨਾਲਾ ਵਿਖੇ ਇਕੱਠ ਨੂੰ ਸੰਬੋਧਨ ਕਰਦਿਆਂ

ਮੁੱਖ ਮੰਤਰੀ ਨੇ ਕਿਹਾ ਕਿ ਇਸ ਪ੍ਰੋਜੈਕਟ ਅਕਤੂਬਰ ਤੱਕ ਮੁਕੰਮਲ ਹੋ ਜਾਵੇਗਾ। ਉਨ੍ਹਾਂ ਦਸਿਆ ਕਿ ਇਸ ਅਹਿਮ ਪ੍ਰੋਜੈਕਟ ਤਹਿਤ 60.66 ਕਿਲੋਮੀਟਰ ਲੰਬੇ ਇਸ ਜਲਮਾਰਗ ਦਾ ਨਵੀਨੀਕਰਨ ਕੀਤਾ ਜਾਵੇਗਾ, ਜਿਸ ਨਾਲ ਇਸ ਦੀ ਨਹਿਰੀ ਪਾਣੀ ਲਿਜਾਣ ਦੀ ਸਮਰੱਥਾ 10 ਫੀਸਦ ਵਧ ਜਾਵੇਗੀ ਅਤੇ ਬਰਨਾਲਾ ਤੇ ਮਲੇਰਕੋਟਲਾ ਦੇ 42 ਪਿੰਡਾਂ ਦੀ 50 ਹਜ਼ਾਰ 819 ਏਕੜ ਜ਼ਮੀਨ ਲਈ ਸਿੰਚਾਈ ਸਹੂਲਤਾਂ ਵਿੱਚ ਸੁਧਾਰ ਯਕੀਨੀ ਬਣੇਗਾ।

------------------------------------------------------------

ਬਠਿੰਡਾ-ਡੱਬਵਾਲੀ ਕੌਮੀ ਸ਼ਾਹਰਾਹ 'ਤੇ ਪਿੰਡ ਗੁਰੂਸਰ ਸੈਣੇਵਾਲਾ ਨੇੜੇ ਅੱਜ ਸਵੇਰੇ ਇੱਕ ਸੜਕ ਹਾਦਸੇ ਵਿਚ ਚਾਰ ਸ਼ਰਧਾਲੂਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਸੱਤ ਹੋਰ ਗੰਭੀਰ ਰੂਪ ਵਿੱਚ ਜ਼ਖ਼ਮੀ ਹੋਏ ਨੇ। ਸਾਡੇ ਪੱਤਰਕਾਰ ਨੇ ਦਸਿਆ ਕਿ ਹਾਦਸਾ ਉਸ ਵੇਲੇ ਵਾਪਰਿਆ ਜਦੋਂ ਰਾਜਸਥਾਨ ਦੇ ਬਾੜਮੇਰ ਜ਼ਿਲ੍ਹੇ ਤੋਂ ਸ਼ਰਧਾਲੂਆਂ ਨੂੰ ਲੈਕੇ ਆ ਰਿਹਾ ਇੱਕ ਵਾਹਨ ਸੜਕ ਕਿਨਾਰੇ ਖੜ੍ਹੇ ਟਰੱਕ ਨਾਲ ਜਾ ਟਕਰਾਇਆ, ਜਿਸ ਦੌਰਾਨ ਹਾਦਸੇ ਵਿੱਚ ਚਾਰ ਸ਼ਰਧਾਲੂਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਬਚਾਅ ਕਰਮਚਾਰੀਆਂ ਨੇ ਕਾਫ਼ੀ ਮੁਸ਼ੱਕਤ ਤੋਂ ਬਾਅਦ ਵਾਹਨ ਚ ਫਸੇ ਲੋਕਾਂ ਨੂੰ ਬਾਹਰ ਕੱਢਿਆ। ਮ੍ਰਿਤਕ ਦੇਹਾਂ ਨੂੰ ਪੋਸਟਮਾਰਟਮ ਲਈ ਸਿਵਲ ਹਸਪਤਾਲ ਬਠਿੰਡਾ ਭੇਜਿਆ ਗਿਆ, ਜਦਕਿ ਸਾਰੇ ਸੱਤ ਜ਼ਖ਼ਮੀਆਂ ਨੂੰ

ਇਲਾਜ ਲਈ ਏਮਜ਼ ਬਠਿੰਡਾ ਵਿੱਚ ਦਾਖ਼ਲ ਕਰਵਾਇਆ ਗਿਆ। ਪੁਲਿਸ ਮ੍ਰਿਤਕਾਂ ਦੀ ਪਛਾਣ ਕਰਨ ਅਤੇ ਹਾਦਸੇ ਦੇ ਅਸਲ ਕਾਰਨਾਂ ਦਾ ਪਤਾ ਲਗਾਉਣ ਲਈ ਅਗਲੀ ਕਾਰਵਾਈ ਕਰ ਰਹੀ ਏ।

---------------------------------------------------------------

ਜੰਮੂ-ਕਸ਼ਮੀਰ ਟ੍ਰੈਫਿਕ ਪੁਲਿਸ ਨੇ ਸ੍ਰੀ ਅਮਰਨਾਥ ਜੀ ਦੀ ਯਾਤਰਾ ਤੋਂ ਪਹਿਲਾਂ ਜੰਮੂ-ਸ੍ਰੀਨਗਰ ਰਾਸ਼ਟਰੀ ਸ਼ਾਹਰਾਹ ਨੰਬਰ 44 'ਤੇ ਵਾਹਨਾਂ ਦੀ ਆਵਾਜਾਈ ਨੂੰ ਨਿਯਮਤ ਕਰਨ ਲਈ ਇੱਕ ਨਵੀਂ ਸਲਾਹ ਜਾਰੀ ਕੀਤੀ ਏ। ਸ਼ਰਧਾਲੂਆਂ ਦਾ ਪਹਿਲਾ ਜੱਥਾ ਕੱਲ੍ਹ ਜੰਮੂ ਤੋਂ ਰਵਾਨਾ ਹੋਵੇਗਾ। ਸਲਾਹ ਮੁਤਾਬਿਕ, ਭਾਰੀ ਮੋਟਰ ਵਾਹਨਾਂ ਨੂੰ ਸ਼ਾਮ 7 ਵਜੇ ਤੋਂ ਬਾਅਦ ਕਾਜ਼ੀਗੁੰਡ ਤੋਂ ਜੰਮੂ ਅਤੇ ਜਖੇਨੀ (ਊਧਮਪੁਰ) ਤੋਂ ਸ੍ਰੀਨਗਰ ਵੱਲ ਜਾਣ ਦੀ ਆਗਿਆ ਨਹੀਂ ਹੋਵੇਗੀ. ਰਾਤ 11 ਵਜੇ ਤੱਕ ਹਲਕੇ ਮੋਟਰ ਵਾਹਨਾਂ ਦੀ ਆਗਿਆ ਹੋਵੇਗੀ. 2 ਜੁਲਾਈ ਨੂੰ ਪਹਿਲਾ ਜੱਥਾ ਜਖੇਨੀ ਪਾਰ ਕਰਨ ਤੋਂ ਬਾਅਦ, ਹਲਕੇ ਵਾਹਨਾਂ, ਨਿੱਜੀ ਵਾਹਨਾਂ ਅਤੇ ਯਾਤਰੀ ਵਾਹਨਾਂ ਨੂੰ ਨਗਰੋਟਾ ਤੋਂ ਊਧਮਪੁਰ ਵੱਲ ਜਾਣ ਦੀ ਆਗਿਆ ਹੋਵੇਗੀ। ਇਸੇ ਤਰ੍ਹਾਂ, ਬਾਲਟਾਲ ਤੋਂ ਜਥੇ ਦੇ ਮਰੋਗ ਪਾਰ ਕਰਨ ਤੋਂ ਬਾਅਦ, ਹਲਕੇ ਵਾਹਨਾਂ ਅਤੇ ਯਾਤਰੀ ਵਾਹਨਾਂ ਨੂੰ ਕਾਜ਼ੀਗੁੰਡ ਤੋਂ ਜੰਮੂ ਵੱਲ ਜਾਣ ਦੀ ਆਗਿਆ ਹੋਵੇਗੀ। ਸ਼ਰਧਾਲੂਆਂ ਨੂੰ ਸਲਾਹ ਦਿੱਤੀ ਜਾਂਦੀ ਏ ਕਿ ਉਹ ਤਾਜ਼ਾ ਜਾਣਕਾਰੀ ਲਈ

ਰੋਜ਼ਾਨਾ ਟ੍ਰੈਫਿਕ ਸਲਾਹ ਨਾਲ ਜਾਣੂ ਰਹਿਣ। ਏਧਰ ਪਠਾਨਕੋਟ ਪੁਲਿਸ ਨੇ ਵੀ ਸ਼੍ਰੀ ਅਮਰਨਾਥ ਜੀ ਯਾਤਰਾ ਨੂੰ ਲੈਕੇ ਚੌਕਸੀ ਵਧਾ ਦਿਤੀ ਏ।

-----------------------------------------------------------

ਚੰਡੀਗੜ੍ਹ ਸਥਿਤ ਮੌਸਮ ਵਿਭਾਗ ਨੇ ਦੇਸ਼ ਦੇ ਕਈ ਹਿੱਸਿਆਂ ਵਿੱਚ ਦੱਖਣ-ਪੱਛਮੀ ਮੌਨਸੂਨ ਦੇ ਅੱਗੇ ਵਧਣ ਦੇ ਮੱਦੇਨਜ਼ਰ ਕੱਲ੍ਹ ਤੋਂ 6 ਜੁਲਾਈ ਤੱਕ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਕਈ ਥਾਵਾਂ 'ਤੇ ਭਾਰੀ ਬਾਰਿਸ਼ ਬਾਰੇ ਯੇਲੋ ਅਲਰਟ ਜਾਰੀ ਕੀਤਾ ਏ। ਪੰਜਾਬ ਦੇ ਕੁਝ ਹਿੱਸਿਆਂ ਵਿੱਚ ਅੱਜ ਵੀ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਈ ਏ। ਸਰਹੱਦੀ ਜ਼ਿਲੇ ਪਠਾਨਕੋਟ ਵਿੱਚ ਭਾਰੀ ਬਾਰਿਸ਼ ਕਾਰਨ ਪਾਣੀ ਭਰ ਗਿਆ ਏ ,ਜਿੱਥੇ ਅੱਜ ਘੱਟੋ-ਘੱਟ ਤਾਪਮਾਨ 23.5 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜੋ ਕਿ ਦੋਵੇਂ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਦੋਵਾਂ ਵਿੱਚ ਸਭ ਤੋਂ ਘੱਟ ਏ। ਚੰਡੀਗੜ੍ਹ-ਮੋਹਾਲੀ-ਪੰਚਕੂਲਾ ਵਾਲੇ ਟ੍ਰਾਈਸਿਟੀ ਵਿੱਚ ਵੀ ਅੱਜ ਲੰਬੀ ਉਡੀਕ ਮਗਰੋਂ ਬਾਰਿਸ਼ ਹੋਈ ਏ। ਇਸ ਦੌਰਾਨ, ਪੰਜਾਬ ਦੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਏ ਕਿ ਸੂਬੇ ਦੀਆਂ ਨਦੀਆਂ ਦੇ ਨਾਲ ਲੱਗਦੇ 132 ਕਮਜ਼ੋਰ ਥਾਵਾਂ ਦੀ ਪਛਾਣ ਕੀਤੀ ਗਈ ਏ ਅਤੇ ਮਾਨਸੂਨ ਦੌਰਾਨ ਕਮਜ਼ੋਰ ਖੇਤਰਾਂ ਨੂੰ ਹੜ੍ਹ ਵਰਗੀ ਸਥਿਤੀ ਤੋਂ ਬਚਾਉਣ ਲਈ ਜੰਗੀ ਪੱਧਰ 'ਤੇ ਮਜ਼ਬੂਤ ਕੀਤਾ ਜਾ ਰਿਹਾ ਏ।